ਜਾਗਰੂਕਤਾ ਨਾਲ ਰਿਸ਼ਵਤਖੋਰੀ, ਮਿਲਾਵਟਖੋਰੀ ਤੇ ਘਪਲੇਬਾਜ਼ੀ ਨੂੰ ਰੋਕਿਆ ਜਾ ਸਕਦੈ-ਮੰਡੇਰ

ਡੀ. ਏ. ਐਨ. ਕਾਲਜ ਆਫ਼ ਐਜੂਕੇਸ਼ਨ 'ਚ ਕਰਵਾਇਆ ਵਿਜੀਲੈਂਸ ਜਾਗਰੂਕਤਾ ਪ੍ਰੋਗਰਾਮ

ਨਵਾਂਸ਼ਹਿਰ, 28 ਅਕਤੂਬਰ (ਜਸਬੀਰ ਸਿੰਘ ਨੂਰਪੁਰ)-ਪੰਜਾਬ ਸਰਕਾਰ ਵਲੋਂ ਭ੍ਰਿਸ਼ਟਾਚਾਰ ਦੀ ਰੋਕਥਾਮ ਲਈ ਰਾਜ ਭਰ ਵਿਚ ਮਨਾਏ ਜਾ ਰਹੇ ਵਿਜੀਲੈਂਸ ਜਾਗਰੂਕਤਾ ਹਫ਼ਤੇ ਤਹਿਤ ਇਥੇ ਕਰਵਾਏ ਜਾਗਰੂਕਤਾ ਪ੍ਰੋਗਰਾਮ ਦੌਰਾਨ ਵਿਜੀਲੈਂਸ ਬਿਊਰੋ ਜਲੰਧਰ ਰੇਂਜ ਦੇ ਐੱਸ. ਐੱਸ. ਪੀ. ਹਰਪ੍ਰੀਤ ਸਿੰਘ ਮੰਡੇਰ ਨੇ ਸਮਾਜ ਦੀਆਂ ਸਾਰੀਆਂ ਧਿਰਾਂ ਨੂੰ ਭ੍ਰਿਸ਼ਟਾਚਾਰ ਦੇ ਖ਼ਾਤਮੇ ਲਈ ਅੱਗੇ ਆਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਸਾਰਿਆਂ ਖ਼ਾਸਕਰ ਨੌਜਵਾਨਾਂ ਨੂੰ ਪੀ. ਸੀ. ਐਕਟ ਤੋਂ ਚੰਗੀ ਤਰ੍ਹਾਂ ਜਾਣੂ ਹੋਣਾ ਬਹੁਤ ਜ਼ਰੂਰੀ ਹੈ, ਜਿਸ ਨਾਲ ਰਿਸ਼ਵਤਖ਼ੋਰੀ ਨੂੰ ਅਸਰਦਾਰ ਢੰਗ ਨਾਲ ਰੋਕਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ ਵਿਰੁੱਧ ਜੰਗ ਨੂੰ ਸਾਂਝੇ ਹੰਭਲਿਆਂ ਨਾਲ ਜਿੱਤਿਆ ਜਾ ਸਕਦਾ ਹੈ। ਸਥਾਨਕ ਡੀ. ਏ. ਐਨ. ਕਾਲਜ ਆਫ਼ ਐਜੂਕੇਸ਼ਨ ਫ਼ਾਰ ਵਿਮੈਨ ਵਿਖੇ ਵਿਜੀਲੈਂਸ ਬਿਊਰੋ ਵਲੋਂ 'ਚੌਕਸੀ ਸਾਡੀ ਸਾਂਝੀ ਜ਼ਿੰਮੇਵਾਰੀ' ਦੇ ਨਾਅਰੇ ਹੇਠ ਕਰਵਾਏ ਜਾਗਰੂਕਤਾ ਪ੍ਰੋਗਰਾਮ ਮੌਕੇ ਬੋਲਦਿਆਂ ਐਸ. ਐਸ. ਪੀ. ਹਰਪ੍ਰੀਤ ਸਿੰਘ ਮੰਡੇਰ ਨੇ ਕਿਹਾ ਕਿ ਭ੍ਰਿਸ਼ਟਾਚਾਰ ਰੋਕੂ ਐਕਟ 1988 ਵੱਖ-ਵੱਖ ਤਰ੍ਹਾਂ ਦੇ ਭ੍ਰਿਸ਼ਟਾਚਾਰ ਨੂੰ ਠੱਲ੍ਹ ਪਾਉਣ ਵਿਚ ਬਹੁਤ ਕਾਰਗਰ ਹੈ, ਜਿਸ ਬਾਰੇ ਸਾਰਿਆਂ ਨੂੰ ਜਾਣੂ ਤੇ ਜਾਗਰੂਕ ਹੋਣਾ ਸਮੇਂ ਦੀ ਮੁੱਖ ਮੰਗ ਹੈ। ਪੀ. ਸੀ. ਐਕਟ ਦੀਆਂ ਵੱਖ-ਵੱਖ ਧਾਰਾਵਾਂ ਦਾ ਜ਼ਿਕਰ ਕਰਦਿਆਂ ਹਰਪ੍ਰੀਤ ਸਿੰਘ ਮੰਡੇਰ ਨੇ ਕਿਹਾ ਕਿ ਜਦੋਂ ਲੋਕ ਇਸ ਐਕਟ ਦੀਆਂ ਧਾਰਾਵਾਂ ਪ੍ਰਤੀ ਜਾਣਕਾਰ ਹੋ ਗਏ ਤਾਂ ਉਨ੍ਹਾਂ ਨੂੰ ਭ੍ਰਿਸ਼ਟਾਚਾਰ ਲਈ ਨਾ ਤਾਂ ਮਜਬੂਰ ਕੀਤਾ ਜਾ ਸਕੇਗਾ ਸਗੋਂ ਉਹ ਰਿਸ਼ਵਤਖ਼ੋਰੀ, ਮਿਲਾਵਟਖੋਰੀ ਤੇ ਵੱਖ-ਵੱਖ ਪ੍ਰਾਜੈਕਟਾਂ ਤੇ ਸਕੀਮਾਂ ਨੂੰ ਲਾਗੂ ਕਰਨ ਵੇਲੇ, ਜੇਕਰ ਕੋਈ ਘਪਲੇਬਾਜ਼ੀ ਹੁੰਦੀ ਹੈ ਤਾਂ ਉਸ ਨੂੰ ਉਜਾਗਰ ਕਰਵਾ ਕੇ ਬਣਦੀ ਕਾਰਵਾਈ ਅਮਲ ਵਿਚ ਲਿਆ ਸਕਣਗੇ। ਉਨ੍ਹਾਂ ਨੇ ਲੋਕਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਦਫ਼ਤਰਾਂ ਵਿਚ ਜੇਕਰ ਕੋਈ ਭ੍ਰਿਸ਼ਟ ਕਾਰਵਾਈ ਬਾਰੇ ਪਤਾ ਲੱਗਦਾ ਹੈ ਤਾਂ ਇਸ ਬਾਬਤ ਬਿਨਾਂ ਕਿਸੇ ਝਿਜਕ ਤੇ ਦੇਰੀ ਤੋਂ ਵਿਜੀਲੈਂਸ ਬਿਊਰੋ ਨੂੰ ਸੂਚਿਤ ਕੀਤਾ ਜਾਵੇ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਲੋਕਾਂ ਖ਼ਾਸਕਰ ਨੌਜਵਾਨਾਂ ਦੇ ਸਹਿਯੋਗ ਤੇ ਸਰਗਰਮ ਹਿੱਸੇਦਾਰੀ ਨਾਲ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖ਼ਤਮ ਕੀਤਾ ਜਾ ਸਕਦਾ ਹੈ। ਵਿਜੀਲੈਂਸ ਬਿਊਰੋ ਦੀ ਭ੍ਰਿਸ਼ਟਾਚਾਰ ਦੇ ਖ਼ਾਤਮੇ ਲਈ ਵਚਨਬੱਧਤਾ ਨੂੰ ਦੁਹਰਾਉਂਦਿਆਂ ਐਸ. ਐਸ. ਪੀ. ਹਰਪ੍ਰੀਤ ਸਿੰਘ ਮੰਡੇਰ ਨੇ ਕਿਹਾ ਕਿ ਜੇਕਰ ਕੋਈ ਸਰਕਾਰੀ ਮੁਲਾਜ਼ਮ ਰਿਸ਼ਵਤ ਮੰਗਦਾ ਹੈ ਜਾਂ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਦਾ ਹੈ ਜਾਂ ਸਰਕਾਰੀ ਫੰਡਾਂ ਦੀ ਦੁਰਵਰਤੋਂ ਕਰਦਾ ਹੈ ਤਾਂ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਵਿਜੀਲੈਂਸ ਬਿਊਰੋ ਦੀਆਂ ਸਰਗਰਮੀਆਂ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਬਿਊਰੋ ਵਲੋਂ ਰਿਸ਼ਵਤਖ਼ੋਰੀ ਖ਼ਿਲਾਫ਼ ਜੰਗੀ ਪੱਧਰ 'ਤੇ ਕੰਮ ਕਰਦਿਆਂ ਬੀਤੇ ਸਮੇਂ ਦੌਰਾਨ ਰਿਸ਼ਵਤਖ਼ੋਰੀ ਵਿਰੁੱਧ ਵੱਡੀਆਂ ਕਾਰਵਾਈਆਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਵਿਜੀਲੈਂਸ ਜਾਗਰੂਕਤਾ ਹਫ਼ਤੇ ਦਾ ਮਕਸਦ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕਰਕੇ ਭ੍ਰਿਸ਼ਟਾਚਾਰ ਦੀ ਰੋਕਥਾਮ ਲਈ ਸਰਗਰਮ ਭਾਈਵਾਲ ਬਣਾਉਣਾ ਹੈ। ਇਸ ਤੋਂ ਪਹਿਲਾਂ ਵਿਜੀਲੈਂਸ ਬਿਊਰੋ ਦੇ ਡੀ. ਐਸ. ਪੀ. ਸਹਾਇਕ ਕਮਿਸ਼ਨਰ ਜਗਦੀਪ ਸਿੰਘ, ਕਾਲਜ ਪ੍ਰਿੰਸੀਪਲ ਕਰੁਨਾ ਓਬਰਾਏ, ਅਸਿਸਟੈਂਟ ਪ੍ਰੋਫੈਸਰ ਰਜਨੀ ਬਾਲਾ, ਵਿਦਿਆਰਥਣਾਂ ਵਿੰਨੀ ਭੁੱਚਰ, ਨਵਰੂਪ ਕੌਰ, ਰਿਤਿਕਾ ਅਤੇ ਆਸ਼ਿਮਾ ਨੇ ਭ੍ਰਿਸ਼ਟਾਚਾਰ ਦੀ ਰੋਕਥਾਮ ਲਈ ਆਪੋ-ਆਪਣੇ ਵਿਚਾਰ ਰੱਖੇ। ਐਸ. ਐਸ. ਪੀ. ਹਰਪ੍ਰੀਤ ਸਿੰਘ ਮੰਡੇਰ ਨੇ ਵਿਦਿਆਰਥਣਾਂ ਦਾ ਸਨਮਾਨ ਵੀ ਕੀਤਾ। ਇਸ ਮੌਕੇ ਡੀ. ਐਸ. ਪੀ. ਰਾਜ ਕੁਮਾਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀ ਤੇ ਵਿਦਿਆਰਥੀ ਵੀ ਮੌਜੂਦ ਸਨ।

ਵਿਜੀਲੈਂਸ ਬਿਊਰੋ ਜਲੰਧਰ ਰੇਂਜ ਦੇ ਐੱਸ. ਐੱਸ. ਪੀ. ਹਰਪ੍ਰੀਤ ਸਿੰਘ ਮੰਡੇਰ ਤੇ ਹੋਰ ਅਧਿਕਾਰੀ ਵਿਜੀਲੈਂਸ ਜਾਗਰੂਕਤਾ ਹਫ਼ਤੇ ਤਹਿਤ ਕਰਵਾਏ ਪ੍ਰੋਗਰਾਮ ਵਿਚ ਵਿਦਿਆਰਥਣਾਂ ਨੂੰ ਸਨਮਾਨਿਤ ਕਰਦੇ ਹੋਏ। ਅਜੀਤ ਤਸਵੀਰ

ਇਟਲੀ ਵਿਖੇ ਸਮਾਜ ਸੇਵੀ ਬਿੱਕਰ ਸਿੰਘ ਇਟਲੀ, ਪੱਪੀ ਇਟਲੀ, ਸੁਰਜੀਤ ਸਿੰਘ ਝਿੰਗੜ ਇਟਲੀ ਸਾਬਕਾ ਵਾਈਸ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਸਰਪੰਚਾਂ ਦੇ ਪਰਿਵਾਰ ਵਲੋਂ ਭਾਈ ਸੁਖਵਿੰਦਰ ਸਿੰਘ ਜਵੱਦੀ ਦੇ ਕੀਰਤਨੀ ਜਥੇ ਦਾ ਸਤਿਕਾਰ ਕਰਨ ਸਮੇਂ ਨਾਲ ਸਾਬਕਾ ਸਰਪੰਚ ਬਲਵਿੰਦਰ ਕੌਰ ਇਟਲੀ, ਸਿਮਰਨ ਕੌਰ ਸਾਬਕਾ ਸਰਪੰਚ ਇਟਲੀ ਤੇ ਹੋਰ। ਅਜੀਤ ਤਸਵੀਰਾਂ

ਬਿੱਕਰ ਸਿੰਘ ਇਟਲੀ ਸਰਪੰਚਾਂ ਦੇ ਪਰਿਵਾਰ ਵਲੋਂ ਮਿਲੇ ਅਥਾਹ ਪਿਆਰ ਸਤਿਕਾਰ ਨੂੰ ਜਥਾ ਹਮੇਸ਼ਾ ਦਿਲ 'ਚ ਵਸਾ ਕੇ ਰੱਖੇਗਾ-ਭਾਈ ਜਵੱਦੀ

ਔੜ/ਝਿੰਗੜਾਂ, 28 ਅਕਤੂਬਰ (ਕੁਲਦੀਪ ਸਿੰਘ ਝਿੰਗੜ)-ਸੱਤ ਸਮੁੰਦਰੋਂ ਪਾਰ ਵਿਦੇਸ਼ ਦੀ ਧਰਤੀ ਯੂਰਪ ਇਟਲੀ 'ਚ ਰਹਿਣ ਬਸੇਰਾ ਬਣਾ ਕੇ ਬੈਠੇ ਇਤਿਹਾਸਕ ਪਿੰਡ ਝਿੰਗੜਾਂ ਦੇ ਸਮਾਜ ਸੇਵੀ ਬਿੱਕਰ ਸਿੰਘ ਇਟਲੀ, ਪੱਪੀ ਇਟਲੀ, ਸੁਰਜੀਤ ਸਿੰਘ ਝਿੰਗੜ ਇਟਲੀ ਸਾਬਕਾ ਵਾਈਸ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਸਰਪੰਚਾਂ ਦੇ ਪਰਿਵਾਰ ਵਲੋਂ ਮਿਲੇ ਅਥਾਹ ਪਿਆਰ ਨੂੰ ਭਾਈ ਸੁਖਵਿੰਦਰ ਸਿੰਘ ਜਵੱਦੀ ਦਾ ਕੀਰਤਨੀ ਜਥਾ ਹਮੇਸ਼ਾ ਦਿਲ 'ਚ ਵਸਾ ਕੇ ਰੱਖੇਗਾ। ਇਹ ਪ੍ਰਗਟਾਵਾ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਪੰਜ ਤੀਰਥ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਵਿੰਦਰ ਸਿੰਘ ਜਵੱਦੀ ਵਾਲੇ ਜੋ ਅੱਜ ਕੱਲ੍ਹ ਵਿਦੇਸ਼ ਦੀ ਧਰਤੀ ਯੂਰਪ ਇਟਲੀ 'ਚ ਵੱਖ-ਵੱਖ ਕਰਵਾਏ ਜਾ ਰਹੇ ਧਾਰਮਿਕ ਸਮਾਗਮਾਂ 'ਚ ਸ਼ਾਮਿਲ ਹੋਣ ਲਈ ਗਏ ਹੋਏ ਹਨ। ਉਨ੍ਹਾਂ ਫੋਨ 'ਤੇ ਵਿਸ਼ੇਸ਼ ਗੱਲਬਾਤ ਕਰਦਿਆਂ ਆਖਿਆ ਕਿ ਪ੍ਰਵਾਸੀ ਪੰਜਾਬੀ ਭਾਰਤੀ ਵਿਦੇਸ਼ 'ਚ ਰਹਿਣ ਦੇ ਬਾਵਜੂਦ ਵੀ ਆਪਣੇ ਦੇਸ਼ ਪਿੰਡ ਦੇ ਮੋਹ ਨੂੰ ਹਮੇਸ਼ਾ ਯਾਦ ਕਰਦੇ ਹੋਏ ਵਿਦੇਸ਼ਾਂ ਵਿਚ ਗੁਰੂ ਘਰ ਦੀਆਂ ਪਿਆਰੀਆਂ ਤੇ ਲਾਡਲੀਆਂ ਸੰਗਤਾਂ ਵਲੋਂ ਵੱਖ-ਵੱਖ ਗੁਰੂ ਘਰਾਂ ਵਿਚ ਕਰਵਾਏ ਜਾਂਦੇ ਕੀਰਤਨ ਦਰਬਾਰਾਂ ਵਿਚ ਸ਼ਮੂਲੀਅਤ ਲਈ ਦਾਸ ਦੇ ਜਥੇ ਨੂੰ ਬੁਲਾ ਕੇ ਬੜਾ ਹੀ ਮਾਣ ਸਤਿਕਾਰ ਦਿੰਦੇ ਹਨ। ਉਨ੍ਹਾਂ ਆਖਿਆ ਕਿ ਸਮਾਜ ਸੇਵੀ ਬਿਕਰ ਸਿੰਘ ਇਟਲੀ, ਪੱਪੀ ਇਟਲੀ ਤੇ ਸੁਰਜੀਤ ਸਿੰਘ ਝਿੰਗੜ ਇਟਲੀ ਸਾਬਕਾ ਵਾਈਸ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਪੁੱਤਰ ਦਰਸ਼ਨ ਰਾਮ ਇਟਲੀ ਸਰਪੰਚਾਂ ਦੇ ਪਰਿਵਾਰ ਵਲੋਂ ਇਤਿਹਾਸਕ ਪਿੰਡ ਝਿੰਗੜਾਂ ਦੇ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਨਾਭ ਕੰਵਲ ਰਾਜਾ ਸਾਹਿਬ ਵਿਖੇ ਦਾਸ ਦੇ ਜਥੇ ਵਲੋਂ ਹਜ਼ੂਰੀ ਰਾਗੀ ਤੌਰ 'ਤੇ ਨਿਭਾਈਆਂ ਸੇਵਾਵਾਂ ਦੌਰਾਨ ਬੜਾ ਪਿਆਰ ਬਖਸ਼ਿਆ ਉਥੇ ਹੁਣ ਵਿਦੇਸ਼ 'ਚ ਰਹਿੰਦੇ ਹੋਏ ਉਨ੍ਹਾਂ ਆਪਣੇ ਗ੍ਰਹਿ ਵਿਖੇ ਦਾਸ ਦੇ ਜਥੇ ਨੂੰ ਬੁਲਾ ਕੇ ਮਣਾਂ ਮੂੰਹੀਂ ਪਿਆਰ ਸਤਿਕਾਰ ਦੇ ਕੇ ਸਾਡਾ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਬਿਕਰ ਸਿੰਘ ਇਟਲੀ ਸਰਪੰਚਾਂ ਦੇ ਪਰਿਵਾਰ ਵਲੋਂ ਮਿਲੇ ਪਿਆਰ ਨੂੰ ਜਥਾ ਹਮੇਸ਼ਾ ਯਾਦ ਰੱਖੇਗਾ। ਇਸ ਮੌਕੇ ਸਾਬਕਾ ਸਰਪੰਚ ਬਲਵਿੰਦਰ ਕੌਰ ਇਟਲੀ, ਸਿਮਰਨ ਕੌਰ ਇਟਲੀ ਸਾਬਕਾ ਸਰਪੰਚ, ਕੈਪਟਨ ਅਮਰਿੰਦਰ ਸਿੰਘ, ਸੁਰਜਿੰਦਰ ਹੈਪੀ, ਮਾਈਕਲ ਇਟਲੀ, ਕਸ਼ਮੀਰ ਕੌਰ, ਰਚਨਾ ਰੱਲ੍ਹ, ਅੰਜਲੀ ਰੱਲ੍ਹ, ਮੇਹਰ ਕੌਰ ਆਦਿ ਹਾਜ਼ਰ ਸਨ।

ਬਜ਼ੁਰਗ ਮਾਪਿਆਂ ਦੀ ਸੰਭਾਲ ਜ਼ਰੂਰੀ-ਡਾ. ਜਥੇ. ਢਾਹਾਂ

ਕਟਾਰੀਆਂ, 28 ਅਕਤੂਬਰ (ਪ੍ਰੇਮੀ ਸੰਧਵਾਂ)-ਲੋੜਵੰਦਾਂ ਲਈ ਦਿਨ ਰਾਤ ਸੇਵਾਵਾਂ ਨਿਭਾ ਰਹੇ ਗੁਰੂ ਨਾਨਕ ਮਿਸ਼ਨ ਹਾਸਪਤਾਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਤੇ ਗਰੀਬਾਂ ਦੇ ਸੱਚੇ ਹਮਦਰਦ ਡਾ. ਕੁਲਵਿੰਦਰ ਸਿੰਘ ਢਾਹਾਂ ਨੇ 'ਅਜੀਤ' ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਿਨ੍ਹਾਂ ਮਾਪਿਆਂ ਨੇ ਜੇਠ ਹੜ੍ਹ ਦੀਆਂ ਅੱਗ ਵਰਸਾਉਂਦੀਆਂ ਧੁੱਪਾਂ ਤੇ ਪੋਹ ਮਾਘ ਦੀਆਂ ਹੱਡ ਚੀਰਵੀਆਂ ਠੰਢਾਂ 'ਚ ਮਿਹਨਤ ਮਜ਼ਦੂਰੀ ਕਰਕੇ ਮਾਪਿਆਂ ਨੇ ਆਪਣੇ ਬੱਚਿਆਂ ਨੂੰ ਚੰਗਾ ਪੜ੍ਹਾ ਲਿਖਾ ਕੇ ਰੋਟੀ ਦੇ ਕਾਬਲ ਬਣਾਇਆ। ਅੱਜ ਉਹ ਕਈ ਮਾਪੇ ਬੱਚਿਆਂ ਵਲੋਂ ਘਰੋਂ ਕੱਢੇ ਦੋ ਵਕਤ ਦੀ ਰੋਟੀ ਲਈ ਸੜਕਾਂ 'ਤੇ ਭੀਖ ਮੰਗਦੇ ਦੇਖੇ ਜਾਂਦੇ ਹਨ। ਜੋ ਇਕ ਦਿਲ ਨੂੰ ਹਲੂਣਾ ਦੇਣ ਵਾਲੀ ਗੱਲ ਹੈ ਕਿਉਂਕਿ ਉਨ੍ਹਾਂ ਬਜ਼ੁਰਗ ਮਾਪਿਆਂ ਨੇ ਦਿਲ ਵਿਚ ਇਹ ਗੱਲ ਜ਼ਰੂਰ ਸੋਚੀ ਹੋਵੇਗੀ ਕਿ ਬਿਰਧ ਅਵਸਥਾ ਵਿਚ ਸਾਡੇ ਬੱਚੇ ਸਾਡੀ ਪੂਰੀ ਸੰਭਾਲ ਕਰਨਗੇ। ਡਾ. ਜਥੇ. ਕੁਲਵਿੰਦਰ ਸਿੰਘ ਢਾਹਾਂ ਨੇ ਕਿਹਾ ਕਿ ਜਿਉਂਦੇ ਜੀਅ ਮਾਪਿਆਂ ਦੀ ਸੇਵਾ ਕਰਨੀ ਹਰ ਵਿਅਕਤੀ ਦਾ ਮੁੱਢਲਾ ਫਰਜ਼ ਹੈ ਪਰ ਜੇਕਰ ਸੇਵਾ ਕੀਤੇ ਬਿਨਾ ਮਾਪੇ ਭੁੱਖ ਦੇ ਸਤਾਏ ਦੁਨੀਆ ਤੋਂ ਤੁਰ ਜਾਣ ਤਾਂ ਪਿੱਛੋਂ ਸਰਾਧ ਕਰਵਾਉਣੇ ਸਿਰਫ ਇਕ ਲੋਕ ਦਿਖਾਵਾ ਹੈ। ਜਥੇ. ਡਾ. ਕੁਲਵਿੰਦਰ ਸਿੰਘ ਢਾਹਾਂ ਨੇ ਲੋਕਾਂ ਨੂੰ ਹੱਥ ਜੋੜ ਕੇ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਬਜ਼ੁਰਗ ਮਾਪਿਆਂ ਦੀ ਚੰਗੀ ਸੇਵਾ ਤੇ ਸੰਭਾਲ ਕਰਨ।

ADMISSION NOTICE

SANDHU INSTITUTE OF NURSING MAHALON, NAWANSHAHR
WALK-IN-COUNSELING
for Post Basic B.Sc. Nursing Vacant Seats On 31st October 2025 in Principal Office at 10:00 Am
Mob. 98140-10221

ਨਵਾਂਸ਼ਹਿਰ ਵਿਖੇ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਪਰਾਲੀ ਦੀ ਸਾਂਭ-ਸੰਭਾਲ ਸੰਬੰਧੀ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕਰਦੇ ਹੋਏ। ਅਜੀਤ ਤਸਵੀਰ

ਡਿਪਟੀ ਕਮਿਸ਼ਨਰ ਨੇ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਦੀ ਕੀਤੀ ਸਮੀਖਿਆ

ਨਵਾਂਸ਼ਹਿਰ, 28 ਅਕਤੂਬਰ (ਜਸਬੀਰ ਸਿੰਘ ਨੂਰਪੁਰ)-ਹਾੜੀ ਦੌਰਾਨ ਝੋਨੇ ਦੀ ਪਰਾਲੀ ਦੀ ਸਾਂਭ-ਸੰਭਾਲ ਸੰਬੰਧੀ ਕੰਮ ਜੰਗੀ ਪੱਧਰ 'ਤੇ ਜਾਰੀ ਹੈ, ਜਿਸ ਦੀ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਵਲੋਂ ਸੰਬੰਧਿਤ ਅਧਿਕਾਰੀਆਂ ਨਾਲ ਸਮੀਖਿਆ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ 65 ਫ਼ੀਸਦੀ ਤੋਂ ਵੱਧ ਝੋਨੇ ਦੀ ਕਟਾਈ ਹੋ ਚੁੱਕੀ ਹੈ ਤੇ ਕਿਸਾਨਾਂ ਦੇ ਸਹਿਯੋਗ ਸਦਕਾ ਪਰਾਲੀ ਪ੍ਰਬੰਧਨ ਦਾ ਕੰਮ ਸਹੀ ਦਿਸ਼ਾ ਵਿਚ ਚੱਲ ਰਿਹਾ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਨੈਸ਼ਨਲ ਗਰੀਨ ਟ੍ਰਿਬਿਊਨਲ, ਚੇਅਰਮੈਨ ਏਅਰ ਕੁਆਲਿਟੀ ਮੈਨੇਜਮੈਂਟ ਇੰਡੈਕਸ ਨਵੀਂ ਦਿੱਲੀ ਤੇ ਸੁਪਰੀਮ ਕੋਰਟ ਦੀਆਂ ਹਦਾਇਤਾਂ ਅਨੁਸਾਰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ, ਜਿਸ ਦੀ ਪਾਲਣਾ ਨੂੰ ਹਰ ਹਾਲ ਯਕੀਨੀ ਬਣਾਇਆ ਜਾਵੇ। ਅਧਿਕਾਰੀਆਂ ਨੇ ਮੀਟਿੰਗ ਵਿਚ ਦੱਸਿਆ ਕਿ ਇਸ ਸਾਲ ਹੁਣ ਤੱਕ ਜ਼ਿਲ੍ਹੇ ਦੇ ਇਕ ਕਿਸਾਨ ਵਲੋਂ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ 'ਤੇ 10 ਹਜ਼ਾਰ ਰੁਪਏ ਵਾਤਾਵਰਨ ਮੁਆਵਜ਼ਾ, ਲਾਲ ਐਂਟਰੀ ਤੇ ਐਫ. ਆਈ. ਆਰ. ਦਰਜ ਕਰਵਾਉਣ ਦੀ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜੇਕਰ ਕੋਈ ਹੋਰ ਕਿਸਾਨ ਪਰਾਲੀ ਨੂੰ ਅੱਗ ਲਗਾਉਂਦਾ ਹੈ ਤਾਂ ਇਸ ਸੰਬੰਧੀ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਵਲੋਂ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਜਾਂ ਨਾੜ ਨੂੰ ਅੱਗ ਨਾ ਲਾਈ ਜਾਵੇ ਤਾਂ ਜੋ ਵਾਤਾਵਰਨ ਨੂੰ ਦੂਸ਼ਿਤ ਹੋਣ ਤੋਂ ਰੋਕਿਆ ਜਾ ਸਕੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਵਨੀਤ ਕੌਰ ਪੀ. ਸੀ. ਐਸ., ਮੁੱਖ ਖੇਤੀਬਾੜੀ ਅਫ਼ਸਰ ਡਾ. ਰਕੇਸ਼ ਕੁਮਾਰ ਸ਼ਰਮਾ, ਸਹਾਇਕ ਖੇਤੀਬਾੜੀ ਇੰਜੀਨੀਅਰ ਚੰਦਨ ਸ਼ਰਮਾ, ਪ੍ਰਾਜੈਕਟ ਡਾਇਰੈਕਟਰ 'ਆਤਮਾ' ਕਮਲਦੀਪ ਸਿੰਘ ਸੰਘਾ, ਐਸ. ਡੀ. ਓ. ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਰਸ਼ਦੀਪ ਕੌਰ ਅਤੇ ਅਦਿੱਤਿਆ ਸ਼ਰਮਾ ਹਾਜ਼ਰ ਸਨ।

ਜ਼ਿਲ੍ਹੇ 'ਚ ਪਰਾਲੀ ਨੂੰ ਅੱਗ ਲੱਗਣ ਦੇ ਸਿਰਫ 2 ਮਾਮਲੇ ਆਏ ਸਾਹਮਣੇ

2700 ਤੋਂ ਵੱਧ ਮਸ਼ੀਨਾਂ ਝੋਨੇ ਦੀ ਪਰਾਲੀ ਸਾਂਭਣ ਲਈ ਉਪਲਬਧ

ਨਵਾਂਸ਼ਹਿਰ, 28 ਅਕਤੂਬਰ (ਜਸਬੀਰ ਸਿੰਘ ਨੂਰਪੁਰ)-ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਲਈ ਚੱਲ ਰਹੀ ਮੁਹਿੰਮ ਤਹਿਤ ਪੰਜਾਬ ਰਿਮੋਟ ਸੈਂਸਿੰਗ ਸੈਂਟਰ, ਲੁਧਿਆਣਾ ਦੀ ਰਿਪੋਰਟ ਮੁਤਾਬਕ 26 ਅਕਤੂਬਰ ਤੱਕ ਜ਼ਿਲ੍ਹੇ 'ਚ ਸਿਰਫ 2 ਅੱਗ ਲੱਗਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਹਨ ਜਦ ਕਿ ਪਿਛਲੇ